ਪ੍ਰਭਾਤੀ ਮਹਲਾ ੧ ॥ ਰਾਮ ਨਾਮੁ ਜਪਿ ਅੰਤਰਿ ਪੂਜਾ ॥ ਗੁਰ ਸਬਦੁ ਵੀਚਾਰਿ ਅਵਰੁ ਨਹੀ ਦੂਜਾ ॥੧॥ ਏਕੋ ਰਵਿ ਰਹਿਆ ਸਭ ਠਾਈ ॥ ਅਵਰੁ ਨ ਦੀਸੈ ਕਿਸੁ ਪੂਜ ਚੜਾਈ ॥੧॥ ਰਹਾਉ ॥ ਮਨੁ ਤਨੁ ਆਗੈ ਜੀਅੜਾ ਤੁਝ ਪਾਸਿ ॥ ਜਿਉ ਭਾਵੈ ਤਿਉ ਰਖਹੁ ਅਰਦਾਸਿ ॥ ੨॥ ਸਚੁ ਜਿਹਵਾ ਹਰਿ ਰਸਨ ਰਸਾਈ ॥ ਗੁਰਮਤਿ ਛੂਟਸਿ ਪ੍ਰਭ ਸਰਣਾਈ ॥ ੩॥ ਕਰਮ ਧਰਮ ਪ੍ਰਭਿ ਮੇਰੈ ਕੀਏ ॥ ਨਾਮੁ ਵਡਾਈ ਸਿਰਿ ਕਰਮਾਂ ਕੀਏ ॥ ੪॥ ਸਤਿਗੁਰ ਕੈ ਵਸਿ ਚਾਰਿ ਪਦਾਰਥ ॥ ਤੀਨਿ ਸਮਾਏ ਏਕ ਕ੍ਰਿਤਾਰਥ ॥੫॥ ਸਤਿਗੁਰਿ ਦੀਏ ਮੁਕਤਿ ਧਿਆਨਾਂ ॥ ਹਰਿ ਪਦੁ ਚੀਨ੍ਹਿ ਭਏ ਪਰਧਾਨਾ ॥ ੬॥ ਮਨੁ ਤਨੁ ਸੀਤਲੁ ਗੁਰਿ ਬੂਝ ਬੁਝਾਈ ॥ ਪ੍ਰਭੁ ਨਿਵਾਜੇ ਕਿਨਿ ਕੀਮਤਿ ਪਾਈ ॥੭॥ ਕਹੁ ਨਾਨਕ ਗੁਰਿ ਬੂਝ ਬੁਝਾਈ ॥ ਨਾਮ ਬਿਨਾ ਗਤਿ ਕਿਨੈ ਨ ਪਾਈ ॥੮॥੬॥ {ਪੰਨਾ 1345}

ਪਦ ਅਰਥ:- ਅੰਤਰਿ—ਹਿਰਦੇ ਵਿਚ। ਵੀਚਾਰਿ—ਆਪਣੇ ਸੋਚ-ਮੰਡਲ ਵਿਚ ਰੱਖ।1।

ਰਹਿ ਰਹਿਆ—ਵਿਆਪਕ ਹੈ। ਠਾਈ—ਥਾਂਈ।1। ਰਹਾਉ।

ਜੀਅੜਾ—ਨਿੱਕੀ ਜਿਹੀ ਜਿੰਦ।2।

ਸਚੁ—ਸਦਾ-ਥਿਰ ਪ੍ਰਭੂ ਦਾ ਨਾਮ। ਰਸਨ—ਜੀਭ। ਰਸਾਈ—ਇਕ-ਸਾਰ ਕਰ ਲਿਆ।3।

ਪ੍ਰਭਿ ਮੇਰੈ—ਮੇਰੇ ਪ੍ਰਭੂ ਨੇ। ਸਿਰਿ ਕਰਮਾਂ—ਕਰਮਾਂ ਦੇ ਸਿਰ ਉੱਤੇ।4।

ਤੀਨਿ—ਤਿੰਨ ਪਦਾਰਥ (ਧਰਮ, ਅਰਥ ਤੇ ਕਾਮ)। ਕ੍ਰਿਤਾਰਥ-ਸਫਲ।5।

ਸਤਿਗੁਰਿ—ਗੁਰੂ ਨੇ। ਮੁਕਤਿ—ਮਾਇਆ ਦੇ ਮੋਹ ਤੋਂ ਖ਼ਲਾਸੀ। ਚੀਨ੍ਹਿ—ਪਛਾਣ ਕੇ।6।

ਗੁਰਿ—ਗੁਰੂ ਨੇ। ਨਿਵਾਜੇ—ਵਡਿਆਇਆ ਹੈ। ਕਿਨਿ—ਕਿਸ ਨੇ?।7।

ਗਤਿ—ਉੱਚੀ ਆਤਮਕ ਅਵਸਥਾ।8।

ਅਰਥ:- (ਹੇ ਪੰਡਿਤ!) ਇਕ ਪਰਮਾਤਮਾ ਸਭ ਥਾਵਾਂ ਵਿਚ ਵਿਆਪਕ ਹੈ। ਮੈਨੂੰ (ਉਸ ਤੋਂ ਬਿਨਾ ਕਿਤੇ) ਕੋਈ ਹੋਰ ਨਹੀਂ ਦਿੱਸਦਾ। ਮੈਂ ਹੋਰ ਕਿਸ ਦੀ ਪੂਜਾ ਕਰਾਂ? ਮੈਂ ਹੋਰ ਕਿਸ ਨੂੰ (ਫੁੱਲ ਆਦਿਕ) ਭੇਟ ਕਰਾਂ?।1।

(ਹੇ ਪੰਡਿਤ!) ਪਰਮਾਤਮਾ ਦਾ ਨਾਮ ਜਪ, (ਇਹੀ) ਅੰਤਰ ਆਤਮੇ (ਪਰਮਾਤਮ ਦੇਵ ਦੀ) ਪੂਜਾ ਹੈ। ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖ (ਤੈਨੂੰ ਸਮਝ ਆ ਜਾਇਗੀ ਕਿ) ਪਰਮਾਤਮਾ ਤੋਂ ਬਿਨਾ ਕੋਈ (ਦੇਵੀ ਦੇਵਤਾ) ਨਹੀਂ ਹੈ (ਜਿਸ ਦੀ ਪੂਜਾ ਕੀਤੀ ਜਾਏ)।1।

(ਹੇ ਪੰਡਿਤ! ਇਹ ਫੁੱਲਾਂ ਦੀ ਭੇਟ ਕਿਸ ਅਰਥ? ਮੈਂ ਤਾਂ ਇਉਂ ਪਰਮਾਤਮਾ ਦੇ ਦਰ ਤੇ) ਅਰਦਾਸ ਕਰਦਾ ਹਾਂ—(ਹੇ ਪ੍ਰਭੂ!) ਮੇਰਾ ਇਹ ਮਨ ਮੇਰਾ ਇਹ ਸਰੀਰ ਤੇਰੇ ਅੱਗੇ ਹਾਜ਼ਰ ਹੈ ਮੇਰੀ ਇਹ ਨਿੱਕੀ ਜਿੰਦ ਭੀ ਤੇਰੇ ਹਵਾਲੇ ਹੈ, ਜਿਵੇਂ ਤੇਰੀ ਰਜ਼ਾ ਹੈ ਮੈਨੂੰ ਉਵੇਂ ਰੱਖ।2।

ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਪ੍ਰਭੂ ਦੀ ਸਰਨ ਪੈਂਦਾ ਹੈ, ਆਪਣੀ ਜੀਭ ਨਾਲ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ ਤੇ ਆਪਣੀ ਜੀਭ ਨੂੰ ਪ੍ਰਭੂ ਦੇ ਨਾਮ-ਰਸ ਵਿਚ ਰਸਾ ਲੈਂਦਾ ਹੈ ਉਹ ਮਾਇਆ ਦੇ ਬੰਧਨਾਂ ਤੋਂ ਮੁਕਤ ਹੋ ਜਾਂਦਾ ਹੈ।3।

(ਪਰਮਾਤਮਾ ਸਭ ਹੀ ਜੀਵਾਂ ਵਿਚ ਵਿਆਪਕ ਹੈ, ਇਸ ਦ੍ਰਿਸ਼ਟੀ-ਕੋਣ ਤੋਂ) ਮੇਰੇ ਪਰਮਾਤਮਾ ਨੇ ਹੀ ਕਰਮ-ਕਾਂਡ ਬਣਾਏ ਹਨ, ਪਰ ਪ੍ਰਭੂ ਨੇ ਹੀ ਨਾਮ-ਸਿਮਰਨ ਨੂੰ ਸਭ ਕਰਮਾਂ ਦੇ ਉੱਤੇ ਵਡਿਆਈ ਦਿੱਤੀ ਹੈ।4।

(ਲੋਕ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ ਦੇਵੀ ਦੇਵਤਿਆਂ ਦੀ ਪੂਜਾ ਕਰਦੇ ਫਿਰਦੇ ਹਨ, ਪਰ) ਗੁਰੂ ਦੇ ਇਖ਼ਤਿਆਰ ਵਿਚ (ਧਰਮ, ਅਰਥ, ਕਾਮ, ਮੋਖ) ਚਾਰੇ ਹੀ ਪਦਾਰਥ ਹਨ। (ਗੁਰੂ ਦੀ) ਸਰਨ ਪਿਆਂ (ਪਹਿਲੇ) ਤਿੰਨਾਂ ਪਦਾਰਥਾਂ ਦੀ ਵਾਸਨਾ ਹੀ ਮੁੱਕ ਜਾਂਦੀ ਹੈ, ਤੇ, ਮਨੁੱਖ ਨੂੰ ਇਕ ਵਿਚ ਸਫਲਤਾ ਹੋ ਜਾਂਦੀ ਹੈ (ਭਾਵ, ਮਾਇਆ ਦੇ ਮੋਹ ਤੋਂ ਮੁਕਤੀ ਮਿਲ ਜਾਂਦੀ ਹੈ)।5।

ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਮਾਇਆ ਦੇ ਮੋਹ ਤੋਂ ਖ਼ਲਾਸੀ ਬਖ਼ਸ਼ੀ, ਪ੍ਰਭੂ-ਚਰਨਾਂ ਵਿਚ ਸੁਰਤਿ ਜੋੜਨ ਦੀ ਦਾਤਿ ਦਿੱਤੀ, ਉਹਨਾਂ ਨੇ ਪਰਮਾਤਮਾ ਨਾਲ ਮੇਲ-ਅਵਸਥਾ ਪਛਾਣ ਲਈ ਤੇ ਉਹ (ਲੋਕ ਪਰਲੋਕ ਵਿਚ) ਮੰਨੇ ਪ੍ਰਮੰਨੇ ਗਏ।6।

ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਆਤਮਕ ਜੀਵਨ ਦੀ ਸਮਝ ਬਖ਼ਸ਼ੀ ਉਹਨਾਂ ਦਾ ਮਨ ਉਹਨਾਂ ਦਾ ਸਰੀਰ (ਭਾਵ, ਗਿਆਨ-ਇੰਦ੍ਰੇ ਵਿਕਾਰਾਂ ਦੀ ਤਪਸ਼ ਤੋਂ ਬਚ ਕੇ) ਠੰਢੇ-ਠਾਰ ਹੋ ਗਏ, ਪ੍ਰਭੂ ਨੇ ਉਹਨਾਂ ਨੂੰ ਵਡਿਆਈ ਦਿੱਤੀ, (ਉਹਨਾਂ ਦਾ ਆਤਮਕ ਜੀਵਨ ਇਤਨਾ ਉੱਚਾ ਹੋ ਗਿਆ ਕਿ) ਕੋਈ ਆਦਮੀ ਉਸ ਜੀਵਨ ਦਾ ਮੁੱਲ ਨਹੀਂ ਪਾ ਸਕਦਾ।7।

ਹੇ ਨਾਨਕ! ਆਖ—ਗੁਰੂ ਨੇ (ਮੈਨੂੰ) ਇਹ ਸੂਝ ਬਖ਼ਸ਼ ਦਿੱਤੀ ਹੈ ਕਿ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਨੇ (ਕਦੇ) ਉੱਚੀ ਆਤਮਕ ਅਵਸਥਾ ਹਾਸਲ ਨਹੀਂ ਕੀਤੀ।8।6।